# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 07-04-2026**

**<u>ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ</u>**

- ਸਰਕਾਰ ਨੇ ਕਿਹਾ -ਦੇਸ਼ ਭਰ ਵਿੱਚ ਪੈਟਰੋਲ, ਡੀਜ਼ਲ, LPG ਅਤੇ PNG ਦੀ ਸਪਲਾਈ ਆਮ ਵਾਂਗ ਬਣੀ ਹੋਈ ਏ ।

- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਹੁਸ਼ਿਆਰਪੁਰ ਦੇ ਹਲਕਾ ਸ਼ਾਮ ਚੁਰਾਸੀ 'ਚ ਹਰਿਆਣਾ ਹਸਪਤਾਲ ਸਮੇਤ ਕਈ ਅਹਿਮ ਪ੍ਰੋਜੈਕਟਾਂ ਦੀ ਸ਼ੁਰੂਆਤ ।

- ਪੰਜਾਬ ਸਰਕਾਰ ਜਲਦੀ ਹੀ ਇੱਕ ਨਵੀਂ ਸਨਅਤੀ ਪਾਰਕ ਨੀਤੀ ਲਾਗੂ ਕਰੇਗੀ ।

- ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਪੁਰਬ ਅੱਜ ਪੂਰੀ ਧਾਰਮਿਕ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ।

- ਮੌਸਮ ਵਿਭਾਗ ਵਲੋਂ ਭਾਰੀ ਮੀਂਹ ਪੈਣ ਬਾਰੇ ਜਾਰੀ ਓਰੰਜ ਅਲਰਟ ਦੇ ਚਲਦਿਆਂ, ਅੱਜ ਸੂਬੇ 'ਚ ਕਈ ਥਾਈਂ ਮੀਂਹ ਤੇ ਗੜ੍ਹੇਮਾਰੀ ਹੋਈ ।

- IPL ਕ੍ਰਿਕੇਟ ਵਿੱਚ, ਅੱਜ ਰਾਜਸਥਾਨ ROYALS ਦਾ ਮੁਕਾਬਲਾ ਸ਼ਾਮੀ ਸਾਡੇ 7 ਵਜੇ ਮੁੰਬਈ ਇੰਡੀਅਨਸ ਨਾਲ ਹੋਏਗਾ।

## ਹੁਣ ਖਬਰਾਂ ਵਿਸਥਾਰ ਨਾਲ

ਸਰਕਾਰ ਨੇ ਕਿਹਾ ਏ ਕਿ ਦੇਸ਼ ਭਰ ਵਿੱਚ ਪੈਟਰੋਲ, ਡੀਜ਼ਲ, LPG ਅਤੇ PNG ਦੀ ਸਪਲਾਈ ਆਮ ਵਾਂਗ ਬਣੀ ਹੋਈ ਏ। ਨਵੀਂ ਦਿੱਲੀ ਵਿੱਚ ਪੱਛਮੀ ਏਸ਼ੀਆ ਵਿੱਚ ਹਾਲੀਆ ਘਟਨਾਕ੍ਰਮ ਬਾਰੇ ਇੱਕ ਅੰਤਰ-ਮੰਤਰਾਲਾ ਪ੍ਰੈਸ ਕਾਨਫਰੰਸ ਵਿੱਚ, ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰਾਲੇ ਦੀ ਸੰਯੁਕਤ ਸਕੱਤਰ ਸੁਜਾਤਾ

ਸ਼ਰਮਾ ਨੇ ਕਿਹਾ ਕਿ ਕਿਸੇ ਵੀ LPG ਵੰਡ ਕੇਂਦਰ 'ਤੇ ਸਪਲਾਈ ਦੀ ਘਾਟ ਦੀ ਕੋਈ ਖਬਰ  ਨਹੀਂ ਏ । ਉਨ੍ਹਾਂ ਕਿਹਾ ਕਿ ਸਾਰੇ ਪੈਟਰੋਲ ਪੰਪ ਆਮ ਤੌਰ 'ਤੇ ਕੰਮ ਕਰ ਰਹੇ ਨੇ ਅਤੇ ਪੈਟਰੋਲ ਅਤੇ ਡੀਜ਼ਲ ਕਾਫ਼ੀ ਮਾਤਰਾ ਵਿੱਚ ਉਪਲਬਧ ਹਨ।

BYTE

ਉਨ੍ਹਾਂ  ਕਿਹਾ ਕਿ ਸਰਕਾਰ ਨੇ ਪੰਜ ਕਿਲੋਗ੍ਰਾਮ ਐਲਪੀਜੀ ਸਿਲੰਡਰਾਂ ਦੀ ਵਿਕਰੀ ਨੂੰ ਦੁੱਗਣਾ ਕਰਨ ਲਈ ਇੱਕ ਨਵਾਂ ਹੁਕਮ ਜਾਰੀ ਕੀਤਾ ਏ ।

BYTE

ਬੰਦਰਗਾਹਾਂ, ਜਹਾਜ਼ਰਾਨੀ ਅਤੇ ਜਲਮਾਰਗ ਮੰਤਰਾਲੇ ਦੇ ਵਧੀਕ ਸਕੱਤਰ ਮੁਕੇਸ਼ ਮੰਗਲ ਨੇ ਦੱਸਿਆ ਕਿ ਪੱਛਮੀ ਏਸ਼ੀਆ ਖੇਤਰ ਵਿੱਚ ਸਾਰੇ ਭਾਰਤੀ ਸਮੁੰਦਰੀ ਜਹਾਜ਼ ਸੁਰੱਖਿਅਤ ਨੇ  ਅਤੇ ਪਿਛਲੇ 24 ਘੰਟਿਆਂ ਵਿੱਚ ਭਾਰਤੀ ਝੰਡੇ ਵਾਲੇ ਜਹਾਜ਼ਾਂ ਨਾਲ ਸਬੰਧਤ ਕੋਈ ਘਟਨਾ ਨਹੀਂ ਵਾਪਰੀ ।

-----------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ

ਹੁਸ਼ਿਆਰਪੁਰ ਵਿੱਚ ਇੱਕ ਵੱਡੇ ਸਿਹਤ ਸੰਭਾਲ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਸ਼ੁਰੂਆਤ ਕੀਤੀ । ਇਨਾ ਵਿਚ 268 ਕਰੋੜ ਰੁਪਏ ਦੇ ਮੈਡੀਕਲ ਕਾਲਜ ਅਤੇ 300 ਬਿਸਤਰਿਆਂ ਵਾਲੇ ਹਸਪਤਾਲ ਦਾ ਨੀਂਹ ਪੱਥਰ ਅਤੇ ਸ਼ਹੀਦ ਊਧਮ ਸਿੰਘ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਦੀ ਸਥਾਪਨਾ ਦਾ ਐਲਾਨ ਸ਼ਾਮਿਲ ਏ ਜੋ ਦੋ ਸਾਲਾਂ ਦੇ ਅੰਦਰ ਪੂਰਾ ਹੋ ਜਾਵੇਗਾ। ਸ਼ਾਮ ਚੌਰਾਸੀ ਵਿੱਚ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੰਭਾਲ ਪ੍ਰਦਾਨ ਕਰਨ ਲਈ ਵਚਨਬੱਧ ਏ । ਉਨ੍ਹਾਂ ਨੇ ਹਲਕੇ ਦੇ ਸੱਤ ਵਾਧੂ ਸਿਹਤ ਅਤੇ ਤੰਦਰੁਸਤੀ ਕੇਂਦਰਾਂ ਦੇ ਨਾਲ-ਨਾਲ 40 ਤੋਂ ਵੱਧ ਪਿੰਡਾਂ ਨੂੰ ਲਾਭ ਪਹੁੰਚਾਉਣ ਲਈ 9 ਕਰੋੜ 18 ਲਖ ਰੁਪਏ ਦੇ ਕਮਿਊਨਿਟੀ ਹੈਲਥ ਸੈਂਟਰ ਦਾ ਨੀਂਹ ਪੱਥਰ ਵੀ ਰੱਖਿਆ। ਮੁੱਖ ਮੰਤਰੀ ਨੇ 99 ਕਰੋੜ ਰੁਪਏ ਦੇ ਬਲਾਚੌਰ-ਗੜ੍ਹਸ਼ੰਕਰ-ਹੁਸ਼ਿਆਰਪੁਰ-ਦਸੂਆ ਸੜਕ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ, ਜੋ ਕਿ 105 ਕਿਲੋਮੀਟਰ ਲੰਬਾ ਲਾਂਘਾ ਏ ਜੋ ਚੰਡੀਗੜ੍ਹ, ਪਠਾਨਕੋਟ ਅਤੇ ਜੰਮੂ-ਕਸ਼ਮੀਰ ਵਿਚਕਾਰ ਸੰਪਰਕ ਵਧਾਉਣ,

ਜੰਮੂ ਅਤੇ ਦਿੱਲੀ ਵਿਚਕਾਰ ਯਾਤਰਾ ਦੇ ਸਮੇਂ ਨੂੰ ਘਟਾਉਣ ਅਤੇ ਆਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਮਾਤਾ ਜਵਾਲਾ ਜੀ ਦੀ ਯਾਤਰਾ ਕਰਨ ਵਾਲੇ ਸ਼ਰਧਾਲੂਆਂ ਲਈ ਸੁਚਾਰੂ ਪਹੁੰਚ ਦੀ ਸਹੂਲਤ ਪ੍ਰਦਾਨ ਕਰੇਗਾ। ਕੈਬਿਨੇਟ ਮੰਤਰੀ ਡਾ.ਰਵਜੋਤ ਸਿੰਘ ਨੇ ਕਿਹਾ

BYTE

--------------------------------------------------------------------------

ਪੰਜਾਬ ਦੇ ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਏ  ਕਿ 2025-26 ਦੌਰਾਨ ਪੰਜਾਬ ਦੇ ਇਤਿਹਾਸ ਵਿੱਚ ਹੁਣ ਤੱਕ ਦਾ ਸਭ ਤੋਂ ਵੱਧ ਨਿਵੇਸ਼ ਹੋਇਆ ਏ , ਜਿਸ ਵਿੱਚ 60 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ ਨਿਵੇਸ਼ ਦੇ ਸਮਝੌਤੇ ਸ਼ਾਮਲ ਨੇ । ਕੱਲ ਜਲੰਧਰ ਵਿੱਚ ਸਥਾਨਕ ਉਦਯੋਗਪਤੀਆਂ ਨਾਲ ਗੱਲਬਾਤ ਤੋਂ ਬਾਅਦ ਮੀਡੀਆ ਨਾਲ ਮੁਲਾਕਾਤ  ਕਰਦਿਆਂ ਉਦਯੋਗ ਮੰਤਰੀ ਨੇ ਕਿਹਾ ਕਿ ਪੰਜਾਬ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸਥਾਨਾਂ ਵਿੱਚੋਂ ਇੱਕ ਬਣ ਕੇ ਉਭਰਿਆ ਏ । ਸ਼੍ਰੀ ਅਰੋੜਾ ਨੇ ਐਲਾਨ ਕੀਤਾ ਕਿ ਪੰਜਾਬ ਸਰਕਾਰ

ਇੱਕ ਮਹੀਨੇ ਦੇ ਅੰਦਰ ਇੱਕ ਨਵੀਂ ਸਨਅਤੀ ਪਾਰਕ ਨੀਤੀ ਲਾਗੂ ਕਰਨ ਜਾ ਰਹੀ ਏ , ਜਿਸ ਤਹਿਤ ਸੂਬੇ ਵਿੱਚ ਘੱਟੋ-ਘੱਟ 25 ਏਕੜ ਵਿੱਚ ਫੈਲੇ ਵੱਡੇ ਸਨਅਤੀ ਪਾਰਕ ਵਿਕਸਤ ਕੀਤੇ ਜਾਣਗੇ। ਇਨ੍ਹਾਂ ਨਵੇਂ ਪਾਰਕਾਂ ਵਿੱਚ ਸ਼ਿਫ਼ਟ ਹੋਣ ਵਾਲੇ ਉਦਯੋਗਾਂ ਨੂੰ ਵੱਡੇ ਪ੍ਰੋਤਸਾਹਨ ਮਿਲਣਗੇ। ਜ਼ੀਰੋ ਲਿਕਵਿਡ ਡਿਸਚਾਰਜ ਮਾਪਦੰਡ ਅਪਣਾਉਣ ਵਾਲੇ ਮੌਜੂਦਾ ਉਦਯੋਗ 10 ਕਰੋੜ ਰੁਪਏ ਤੱਕ ਦੇ ਪ੍ਰੋਤਸਾਹਨ ਲਈ ਯੋਗ ਹੋਣਗੇ, ਜਦਕਿ ਨਵੇਂ ਉਦਯੋਗਾਂ ਨੂੰ 100 ਫੀਸਦੀ ਪ੍ਰੋਤਸਾਹਨ ਮਿਲੇਗਾ। ਇਸੇ ਤਰ੍ਹਾਂ ਝੋਨੇ ਦੀ ਪਰਾਲੀ ਦੇ ਬਾਇਲਰ ਪਲਾਂਟ ਸਥਾਪਤ ਕਰਨ ਵਾਲੇ ਉਦਯੋਗਾਂ ਨੂੰ ਸਾਢੇ 7 ਕਰੋੜ ਰੁਪਏ ਤੱਕ ਦੇ ਪ੍ਰੋਤਸਾਹਨ ਮਿਲਣਗੇ। ਇਸ ਤੋਂ ਪਹਿਲਾਂ ਉਦਯੋਗ ਮੰਤਰੀ ਨੇ ਸਥਾਨਕ ਉਦਯੋਗਪਤੀਆਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣੀਆਂ ਅਤੇ ਸਬੰਧਤ ਵਿਭਾਗਾਂ ਨੂੰ ਉਨ੍ਹਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।

------------------------------------------------------------------------

ਪੰਜਾਬ ਦੇ ਵਿੱਤ ਅਤੇ ਯੋਜਨਾ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਯੋਜਨਾਬੰਦੀ ਵਿਭਾਗ ਵਿੱਚ 70 ਅਸਾਮੀਆਂ ਲਈ ਸਿੱਧੀ ਭਰਤੀ ਪ੍ਰਕਿਰਿਆ ਨੂੰ ਰਸਮੀ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਏ | ਇੱਕ ਪ੍ਰੈਸ ਬਿਆਨ ਵਿੱਚ ਉਨ੍ਹਾਂ ਦੱਸਿਆ ਕਿ ਦੋ ਪ੍ਰਮੁੱਖ ਸੰਸਥਾਵਾਂ: ਅੰਕੜਾ ਡਾਇਰੈਕਟੋਰੇਟ, ਅਤੇ ਆਰਥਿਕ ਨੀਤੀ ਤੇ ਯੋਜਨਾ ਬੋਰਡ ਦੇ ਅਧੀਨ ਆਉਂਦੀਆਂ ਵੱਖ-ਵੱਖ ਗਰੁੱਪ ਏ, ਬੀ ਅਤੇ ਸੀ ਦੀਆਂ ਅਸਾਮੀਆਂ ਲਈ ਸਿੱਧੀ ਭਰਤੀ ਸ਼ੁਰੂ ਕਰਨ ਲਈ ਰਸਮੀ ਮਨਜ਼ੂਰੀ ਦੇ ਦਿੱਤੀ ਗਈ ਏ । ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਕੁੱਲ 70  ਅਸਾਮੀਆਂ ਵਿੱਚੋਂ 68 ਅਸਾਮੀਆਂ ਅੰਕੜਾ ਡਾਇਰੈਕਟੋਰੇਟ ਵਿੱਚ ਭਰੀਆਂ ਜਾਣਗੀਆਂ। ਉਨ੍ਹਾਂ ਸਪੱਸ਼ਟ ਕੀਤਾ ਕਿ ਇਸ ਵਿੱਚ 14 ਸਹਾਇਕ ਖੋਜ ਅਫ਼ਸਰਾਂ, 4 ਸੀਨੀਅਰ ਸਹਾਇਕਾਂ ਅਤੇ 50 ਇਨਵੈਸਟੀਗੇਟਰਾਂ ਦੀ ਸਿੱਧੀ ਭਰਤੀ ਸ਼ਾਮਲ ਏ । ਵਿੱਤ ਮੰਤਰੀ ਨੇ  ਕਿਹਾ, "ਬਾਕੀ ਦੋ ਅਸਾਮੀਆਂ ਆਰਥਿਕ ਨੀਤੀ ਅਤੇ ਯੋਜਨਾ ਬੋਰਡ ਨੂੰ ਅਲਾਟ ਕੀਤੀਆਂ ਗਈਆਂ ਹਨ, ਜਿਸ ਵਿੱਚ ਇੱਕ ਗਰੁੱਪ-ਏ ਪ੍ਰੋਗਰਾਮਰ ਅਤੇ ਇੱਕ ਸੀਨੀਅਰ ਸਹਾਇਕ ਦੀ ਭਰਤੀ ਸ਼ਾਮਲ ਹੋਵੇਗੀ।" ਮੰਤਰੀ  ਨੇ ਕਿਹਾ ਕਿ

ਇਸ ਸੋਧੀ ਹੋਈ ਤਜਵੀਜ਼ ਦੀ ਰਸਮੀ ਪ੍ਰਵਾਨਗੀ ਤੋਂ ਬਾਅਦ ਹੁਣ ਰਸਮੀ ਪੱਤਰ ਅਧੀਨ ਸੇਵਾਵਾਂ ਚੋਣ ਬੋਰਡ ਨੂੰ ਭੇਜਿਆ ਜਾ ਰਿਹਾ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਐਸ.ਐਸ.ਬੀ ਵੱਲੋਂ ਭਰਤੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਲੋੜੀਂਦੇ ਕਦਮ ਚੁੱਕੇ ਜਾਣਗੇ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਇਨ੍ਹਾਂ ਅਹਿਮ ਅਸਾਮੀਆਂ ਨੂੰ ਜਲਦ ਤੋਂ ਜਲਦ ਪਾਰਦਰਸ਼ੀ ਢੰਗ ਨਾਲ ਭਰਿਆ ਜਾ ਸਕੇ।

-------------------------------------------------------------------------

ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਸ਼੍ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ । ਇਸ ਸਬੰਧ ਵਿਚ ਜਿਥੇ ਬੀਤੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਗੁਰੂ ਸਾਹਿਬ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਤੱਕ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ ਸੀ, ਉਥੇ ਹੀ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਏ ਸਾਹਿਬ ਵਿਖੇ ਸੁੰਦਰ ਜਲੌ

ਸਜਾਏ ਗਏ। ਉਧਰ ਨੌਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਅਸਥਾਨ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਗੁਰਮਤਿ ਸਮਾਗਮ ਵਿਚ ਵੱਖ-ਵੱਖ ਪੰਥ ਪ੍ਰਸਿੱਧ ਕੀਰਤਨੀ ਜਥਿਆਂ ਨੇ ਹਾਜ਼ਰੀ ਭਰੀ। ਪ੍ਰਕਾਸ਼ ਪੁਰਬ ਨੂੰ ਸਮਰਪਿਤ ਵੱਡੀ ਗਿਣਤੀ ਵਿਚ ਸੰਗਤਾਂ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਇਥੇ ਸਥਿਤ ਹੋਰ ਅਸਥਾਨਾਂ ਅਤੇ ਗੁਰਦੁਆਰਾ ਗੁਰੂ ਕੇ ਮਹਿਲ ਵਿਖੇ ਸ਼ਰਧਾ ਨਾਲ ਮੱਥਾ ਟੇਕਿਆ ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੰਮ੍ਰਿਤ ਸਰੋਵਰ ਵਿਚ ਇਸ਼ਨਾਨ ਕੀਤੇ। ਧਾਰਮਿਕ ਆਗੂਆਂ ਨੇ ਸੰਗਤ ਨੂੰ ਗੁਰੂ ਤੇਗ ਬਹਾਦਰ ਜੀ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਅਪੀਲ ਕਰਦਿਆਂ ਕਿਹਾ ਏ ਕਿ ਗੁਰੂ ਸਾਹਿਬ ਦਾ ਜੀਵਨ ਤੇ ਸ਼ਹਾਦਤ ਸਮੁੱਚੀ ਮਨੁੱਖਤਾ ਲਈ ਇੱਕ ਮਿਸਾਲ ਵਜੋਂ ਕੰਮ ਕਰਦੀ ਰਹੇਗੀ। ਇਸ ਵੇਲੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜ਼ੀ ਕੀਤੀ ਜਾ ਰਹੀ ਏ। ਇਸ ਮੌਕੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ

ਮਾਨ ਨੇ ਪਰਕਾਸ਼ ਪੁਰਬ ਮੌਕੇ ਗੁਰੂ ਤੇਗ ਬਹਾਦਰ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ ਏ।

-----------------------------------------------------------------------

ਅੱਜ ਵਿਸ਼ਵ ਸਿਹਤ ਦਿਵਸ ਏ। ਇਹ ਦਿਨ ਦੁਨੀਆ ਭਰ ਵਿੱਚ ਚੰਗੀਆਂ ਸਿਹਤ ਆਦਤਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਮਨਾਇਆ ਜਾਂਦਾ ਏ । ਇਸ ਸਾਲ ਦਾ ਥੀਮ "ਸਿਹਤ ਲਈ ਇਕਜੁਟ ਵਿਗਿਆਨ ਦੇ ਨਾਲ ਖੜ੍ਹੇ ਰਹੋ" ਰੱਖਿਆ ਗਿਆ ਏ । ਇਸ ਤਹਿਤ, ਵਿਸ਼ਵ ਸਿਹਤ ਸੰਗਠਨ ਨੇ ਲੋਕਾਂ, ਜਾਨਵਰਾਂ, ਬੂਟਿਆਂ ਅਤੇ ਧਰਤੀ ਦੀ ਰੱਖਿਆ ਲਈ ਵਿਗਿਆਨਕ ਸਹਿਯੋਗ ਦਾ ਜਸ਼ਨ ਮਨਾਉਣ ਲਈ ਇੱਕ ਸਾਲ-ਲੰਬੀ ਮੁਹਿੰਮ ਸ਼ੁਰੂ ਕੀਤੀ ਏ । ਇਹ ਮੁਹਿੰਮ ਵਿਗਿਆਨਕ ਪ੍ਰਾਪਤੀਆਂ ਨੂੰ ਕਾਰਵਾਈ ਵਿੱਚ ਤਬਦੀਲ ਕਰਨ ਲਈ ਲੋੜੀਂਦੇ ਬਹੁਪੱਖੀ ਸਹਿਯੋਗ ਨੂੰ ਉਜਾਗਰ ਕਰਦੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੌਕੇ ਦੂਜਿਆਂ ਦੀ ਸੇਵਾ ਵਿੱਚ ਅਣਥੱਕ ਮਿਹਨਤ ਕਰਨ ਅਤੇ ਇੱਕ ਸਿਹਤਮੰਦ ਸੰਸਾਰ ਲਈ ਕੰਮ ਕਰਨ ਵਾਲਿਆਂ ਦਾ ਧੰਨਵਾਦ ਕੀਤਾ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਇੱਕ ਸਿਹਤਮੰਦ

ਸਮਾਜ ਦੇ ਨਿਰਮਾਣ ਲਈ ਆਪਣੀ ਸਰਕਾਰ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ। ਉਨ੍ਹਾਂ ਨੇ ਸਾਰਿਆਂ ਨੂੰ ਸਿਹਤ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਹਰੇਕ ਵਿਅਕਤੀ ਦੀ ਭਲਾਈ ਨੂੰ ਤਰਜੀਹ ਦੇਣ ਲਈ ਇਕੱਠੇ ਕੰਮ ਕਰਦੇ ਰਹਿਣ ਦਾ ਸੱਦਾ ਦਿੱਤਾ। ਏਧਰ ਮੁਹਾਲੀ ਜ਼ਿਲ੍ਹੇ ਦੇ ਮੁਢਲੀ ਸਿਹਤ ਕੇਂਦਰ , ਬੂਥਗੜ੍ਹ ਅਧੀਨ ਵੱਖ-ਵੱਖ ਸਿਹਤ ਸੰਸਥਾਵਾਂ ਵਿਚ ਵਿਸ਼ਵ ਸਿਹਤ ਦਿਵਸ ਮਨਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ. ਅਲਕਜੋਤ ਕੌਰ ਨੇ ਦੱਸਿਆ ਕਿ ਡਾਕਟਰਾਂ, ਕਮਿਊਨਿਟੀ ਹੈਲਥ ਅਫ਼ਸਰਾਂ, ਸਿਹਤ ਕਾਮਿਆਂ ਤੇ ਹੋਰ ਅਮਲੇ  ਨੇ ਮਰੀਜ਼ਾਂ ਅਤੇ ਹੋਰ ਲੋਕਾਂ ਨੂੰ ਇਸ ਦਿਨ ਦੀ ਅਹਿਮੀਅਤ ਬਾਰੇ ਜਾਣੂੰ ਕਰਵਾਇਆ ਅਤੇ ਚੰਗੀ ਸਿਹਤ ਤੇ ਖ਼ੁਸ਼ਹਾਲੀ ਲਈ ਕਦਮ ਵਧਾਉਣ ਲਈ ਪ੍ਰੇਰਿਤ ਕੀਤਾ। ਡਾ. ਕਿਰਨਦੀਪ ਕੌਰ ਨੇ ਬੱਚਿਆਂ ਨੂੰ ਕਿਹਾ ਕਿ ਚੰਗੀ ਸਿਹਤ ਲਈ ਸੰਤੁਲਿਤ ਭੋਜਨ ਕਸਰਤ ਅਤੇ ਸਮੇਂ ਸਿਰ ਟੀਕਾਕਰਨ ਬਹੁਤ ਜਰੂਰੀ ਏ ।

------------------------------------------------------------------

ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼

ਪ੍ਰੈਪਰੇਟਰੀ ਇੰਸਟੀਚਿਊਟ ਦੇ 10ਵੇਂ ਕੋਰਸ ਦੇ ਕੈਡਿਟ ਜਸਨੂਰ ਸਿੰਘ ਨੇ ਕੰਬਾਈਨਡ ਡਿਫੈਂਸ ਸਰਵਿਸਿਜ਼  ਏਅਰ ਫੋਰਸ ਸੂਚੀ ਵਿੱਚ ਆਲ ਇੰਡੀਆ ਰੈਂਕ ਵਿੱਚ ਸਿਖਰਲਾ ਸਥਾਨ ਹਾਸਲ ਕੀਤਾ ਏ । ਪਠਾਨਕੋਟ ਦੇ ਇੱਕ ਕਾਰੋਬਾਰੀ ਦਾ ਪੁੱਤਰ, ਜਸਨੂਰ ਸਿੰਘ ਹੁਣ ਪ੍ਰੀ-ਫਲਾਇੰਗ ਸਿਖਲਾਈ ਕੋਰਸ ਲਈ ਹੈਦਰਾਬਾਦ ਵਿੱਚ ਏਅਰ ਫੋਰਸ ਅਕੈਡਮੀ ਜਾਵੇਗਾ। ਜਸਨੂਰ ਦੀ ਇਸ ਪ੍ਰਾਪਤੀ ਨਾਲ ਸੰਸਥਾ ਨੇ ਦੇਸ਼ ਭਰ ਵਿੱਚ ਪੰਜਵੀਂ ਵਾਰ ਸਿਖਰਲਾ ਰੈਂਕ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ । ਇਸ ਤੋਂ ਇਲਾਵਾ ਰੋਪੜ ਤੋਂ  ਕੈਡਿਟ ਸੁਖਰਾਜ ਸਿੰਘ ਹੀਰਾ ਨੇ ਆਲ ਇੰਡੀਆ ਚੌਥਾ ਰੈਂਕ ਪ੍ਰਾਪਤ ਕੀਤਾ ਏ  । ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਅਤੇ ਇੰਸਟੀਟਿਊਟ ਦੇ ਡਾਇਰੈਕਟਰ ਸੇਵਾਮੁਕਤ ਮੇਜਰ ਜਨਰਲ ਅਜੈ ਐਚ. ਚੌਹਾਨ ਨੇ ਇਨ੍ਹਾਂ ਦੋਵਾਂ ਕੈਡਿਟਾਂ ਨੂੰ  ਵਧਾਈ ਦਿਤੀ ।

---------------------------------------------------------------------

ਮੌਸਮ ਵਿਭਾਗ ਵਲੋਂ  ਅੱਜ ਅਤੇ ਕੱਲ 8 ਅਪ੍ਰੈਲ ਨੂੰ ਪੰਜਾਬ ਭਰ ਵਿੱਚ ਕਈ ਥਾਵਾਂ ਤੇ ਦਰਮਿਆਨੀ ਤੋਂ ਭਾਰੀ ਮੀਂਹ ਦਾ ਓਰੰਜ

ਅਲਰਟ ਵੀ ਜਾਰੀ ਕੀਤਾ ਹੋਇਆ ਏ । ਅੱਜ ਫਾਜ਼ਿਲਕਾ ਸਮੇਤ ਕੁਝ ਥਾਵਾਂ ਤੇ ਗਰਜ ਚਮਕ ਨਾਲ ਦਰਮਿਆਨੀ ਤੋਂ ਭਾਰੀ ਮੀਂਹ ਤੇ ਗੜੇਮਾਰੀ ਹੋਈ ਏ। ਜਦਕਿ ਜਲੰਧਰ, ਪਠਾਨਕੋਟ , ਮੋਹਾਲੀ ਸਮੇਤ ਹੋਰਨਾਂ ਕਈ ਜ਼ਿਲਿਆਂ ਵਿਚ ਗਰਜ ਨਾਲ ਹਲਕੀ ਵਰਖਾ ਜਾਰੀ ਏ। ਪਰੰਤੂ ਉਸ ਤੋਂ ਬਾਅਦ ਕਿਸਾਨਾਂ ਲਈ ਰਾਹਤ ਦੀ ਖਬਰ ਵੀ ਏ ਕਿ ਮੀਂਹ ਦੀ ਕੋਈ ਪੇਸ਼ੀਨਗੋਈ ਨਹੀਂ ਕੀਤੀ ਗਈ ਏ | ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਨੇ ਦਸਿਆ।

BYTE

---------------------------------------------------------------------

IPL ਕ੍ਰਿਕੇਟ ਵਿੱਚ , ਅੱਜ ਰਾਜਸਥਾਨ ROYALS ਦਾ ਮੁਕਾਬਲਾ ਗੁਹਾਟੀ ਦੇ ਬਾਰ-ਸਾਪਾਰਾ ਕ੍ਰਿਕਟ ਸਟੇਡੀਅਮ ਵਿਖੇ ਮੁੰਬਈ ਇੰਡੀਅਨਸ ਨਾਲ ਹੋਏਗਾ। ਇਹ ਮੈਚ ਸ਼ਾਮੀ ਸਾਢੇ 7 ਵਜੇ ਖੇਡਿਆ ਜਾਵੇਗਾ।

---------------------------------------------------------------------

---------------------------------------------------------------------

ਇਸਦੇ ਨਾਲ  ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7 ਵੱਜਕੇ  30  ਮਿੰਟ  'ਤੇ

ਨਮਸਕਾਰ  !